# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 09-08-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਹਾਤਮਾ ਗਾਂਧੀ ਦੀ ਅਗਵਾਈ ਵਿੱਚ, ਭਾਰਤ ਛੱਡੋ ਅੰਦੋਲਨ ਵਿੱਚ ਹਿੱਸਾ ਲੈਣ ਵਾਲਿਆਂ ਨੂੰ ਸ਼ਰਧਾਂਜਲੀ ਭੇਟ ਕੀਤੀ।
- ਦੇਸ਼ ਭਗਤੀ ਦੀ ਭਾਵਨਾ ਪ੍ਰਫੁੱਲਤ ਕਰਨ ਲਈ, ਅੱਜ ਤੋਂ 15 ਅਗਸਤ ਤੱਕ ਦੇਸ਼ ਦੇ ਹਰ ਘਰ ਵਿੱਚ ਤਿਰੰਗਾ ਲਹਿਰਾਉਣ ਦੀ ਮੁਹਿੰਮ ਸ਼ੁਰੂ ਕੀਤੀ ਗਈ ਏ।
- ਸੀਮਾ ਸੁਰੱਖਿਆ ਬਲ ਨੇ ਬੰਗਲਾਦੇਸ਼ ਦੇ ਮੌਜੂਦਾ ਤਣਾਅ ਵਾਲੇ ਹਾਲਾਤ ਨੂੰ ਵੇਖਦੇ ਹੋਏ, ਪੰਜਾਬ ਵਿਚ ਪਾਕਿਸਤਾਨ ਨਾਲ ਲੱਗਦੀ ਸਰਹੱਦ ਤੇ ਚੌਕਸੀ ਅਤੇ ਸੁਰੱਖਿਆ ਵਧਾ ਦਿੱਤੀ ਏ।
- ਪੈਰਿਸ ਓਲੰਪਿਕ ਵਿਚ ਮਰਦਾਂ ਦੇ ਹਾਕੀ ਵਰਗ ਵਿਚ, ਭਾਰਤੀ ਟੀਮ ਵਲੋਂ ਕਾਂਸੇ ਦਾ ਤਗਮਾ ਜਿੱਤਣ ਤੇ ਲੋਕਾਂ ਸਮੇਤ ਖਿਡਾਰੀਆਂ ਦੇ ਪਰਿਵਾਰਾਂ ਵਿਚ ਖੁਸ਼ੀ ਦੀ ਲਹਿਰ ਏ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਅੱਜ ਮਹਾਤਮਾ ਗਾਂਧੀ ਦੀ ਅਗਵਾਈ ਵਿੱਚ, 'ਭਾਰਤ ਛੱਡੋ ਅੰਦੋਲਨ' ਵਿੱਚ ਹਿੱਸਾ ਲੈਣ ਵਾਲਿਆਂ ਨੂੰ ਸ਼ਰਧਾਂਜਲੀ ਭੇਟ ਕੀਤੀ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਭਾਰਤ ਛੱਡੋ ਅੰਦੋਲਨ ਨੂੰ, ਆਜ਼ਾਦੀ ਦੀ ਲੜਾਈ ਦਾ ਇਕ ਮਹੱਤਵਪੂਰਨ ਪਲ ਦੱਸਿਆ । ਇਸ ਮੌਕੇ 'ਤੇ ਇੱਕ ਵੀਡੀਓ ਸੁਨੇਹੇ ਵਿੱਚ, ਆਪਣੇ ਵਿਚਾਰ ਸਾਂਝੇ ਕਰਦਿਆਂ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤ ਛੱਡੋ ਅੰਦੋਲਨ ਨੇ, ਬਸਤੀਵਾਦੀ ਸ਼ਾਸਨ ਤੋਂ ਭਾਰਤ ਦੀ ਆਜ਼ਾਦੀ ਦੇ ਸੰਘਰਸ਼ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਏ ।

-------------------------------------------------------

ਦੇਸ਼ ਭਰ ਵਿਚ ਤੀਜੀ "ਹਰ ਘਰ ਤਿਰੰਗਾ" ਮੁਹਿੰਮ ਅੱਜ ਤੋਂ ਸ਼ੁਰੂ ਹੋ ਗਈ ਏ ਅਤੇ 15 ਅਗਸਤ ਤੱਕ ਚਲਾਈ ਜਾਵੇਗੀ । ਇਸ ਪਹਿਲਕਦਮੀ ਦਾ ਮੰਤਵ, ਹਰ ਭਾਰਤੀ ਨੂੰ ਰਾਸ਼ਟਰੀ ਝੰਡਾ ਤਿਰੰਗਾ ਲਹਿਰਾਉਣ ਲਈ ਉਤਸ਼ਾਹਿਤ ਕਰਕੇ ਨਾਗਰਿਕਾਂ ਵਿੱਚ ਦੇਸ਼ ਭਗਤੀ ਅਤੇ ਰਾਸ਼ਟਰੀ ਸਵੈਮਾਣ ਦੀ ਭਾਵਨਾ ਪੈਦਾ ਕਰਨਾ ਏ । ਇਸ ਦੌਰਾਨ ਦੇਸ਼ ਭਰ ਵਿੱਚ 200 ਤੋਂ ਵੱਧ ਸੱਭਿਆਚਾਰਕ ਪ੍ਰੋਗਰਾਮ ਕਰਵਾਏ ਜਾਣਗੇ ਅਤੇ 13 ਅਗਸਤ ਨੂੰ ਸੰਸਦ ਮੈਂਬਰ ਤੇ ਮੰਤਰੀ ਤਿਰੰਗਾ ਬਾਈਕ ਰੈਲੀ ਵੀ ਕੱਢਣਗੇ । ਪੰਜਾਬ ਵਿਚ ਵੀ ਵੱਖ ਵੱਖ ਪ੍ਰੋਗਰਾਮ ਉਲੀਕੇ ਗਏ ਨੇ ।

---

ਇਸੇ ਦੌਰਾਨ ਭਾਰਤੀ ਜਨਤਾ ਪਾਰਟੀ, ਦੇਸ਼ ਵਿਆਪੀ ਹਰ ਘਰ ਤਿਰੰਗਾ ਮੁਹਿੰਮ ਦੇ ਹਿੱਸੇ ਵਜੋਂ, 11 ਤੋਂ 13 ਅਗਸਤ ਤੱਕ ਹਰ ਵਿਧਾਨ ਸਭਾ ਹਲਕੇ ਵਿੱਚ, ਤਿਰੰਗਾ ਯਾਤਰਾ ਕੱਢੇਗੀ। ਪਾਰਟੀ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ, ਅੱਜ ਇੱਕ ਬਿਆਨ ਵਿੱਚ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਜੁਲਾਈ ਵਿੱਚ ਆਪਣੇ ਮਨ ਕੀ ਬਾਤ ਪ੍ਰੋਗਰਾਮ ਦੇ 112ਵੇਂ ਸੰਸਕਰਨ ਵਿੱਚ ਹਰ ਘਰ ਤਿਰੰਗਾ ਅਭਿਆਨ ਨੂੰ ਰਾਸ਼ਟਰੀ ਤਿਉਹਾਰ ਵਜੋਂ ਮਨਾਉਣ ਦਾ ਸੱਦਾ ਦਿੱਤਾ ਸੀ। ਇਸ ਤਹਿਤ BJP 11 ਤੋਂ 13 ਅਗਸਤ ਤੱਕ ਹਰ ਵਿਧਾਨ ਸਭਾ ਹਲਕੇ ਵਿੱਚ ਤਿਰੰਗਾ ਯਾਤਰਾ ਕੱਢੇਗੀ। BJP ਪ੍ਰਧਾਨ ਨੇ ਸੁਤੰਤਰਤਾ ਦਿਵਸ ਪ੍ਰੋਗਰਾਮ ਲਈ ਸੱਤ ਮੈਂਬਰੀ ਟੀਮ ਬਣਾਈ ਏ। ਇਸ ਦੀ ਅਗਵਾਈ ਕਰ ਰਹੇ ਤਰੁਣ ਤਰੁਣ ਚੁੱਘ ਨੇ ਦੱਸਿਆ ਕਿ 12, 13 ਅਤੇ 14 ਅਗਸਤ ਨੂੰ ਆਜ਼ਾਦੀ ਘੁਲਾਟੀਆਂ ਅਤੇ ਜੰਗੀ ਯਾਦਗਾਰਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਜਾਣਗੇ। 14 ਅਗਸਤ ਨੂੰ ਸਾਰੇ ਜ਼ਿਲ੍ਹਿਆਂ ਵਿੱਚ ਮੌਨ ਪ੍ਰਦਰਸ਼ਨ ਕਰਕੇ ਵੰਡ ਯਾਦਗਾਰੀ ਦਿਵਸ ਮਨਾਇਆ ਜਾਵੇਗਾ। 13, 14 ਅਤੇ 15 ਅਗਸਤ ਨੂੰ ਸਾਰੇ ਘਰਾਂ ਅਤੇ ਕਾਰੋਬਾਰੀ ਅਦਾਰਿਆਂ 'ਤੇ ਤਿਰੰਗਾ ਲਹਿਰਾਇਆ ਜਾਵੇਗਾ, ਜਿਸ ਨਾਲ ਪੂਰਾ ਦੇਸ਼ ਕੇਸਰੀਆ, ਸਫੈਦ ਅਤੇ ਹਰੇ ਰੰਗ ਦੇ

ਸਾਗਰ ਵਿੱਚ ਬਦਲ ਜਾਵੇਗਾ। ਤਰੁਣ ਚੁੱਘ ਨੇ ਕਿਹਾ ਕਿ ਇਨ੍ਹਾਂ ਸਾਰੇ ਪ੍ਰੋਗਰਾਮਾਂ 'ਚ BJP ਦੇ ਅਹੁਦੇਦਾਰ, ਨੇਤਾ ਅਤੇ ਲੋਕ ਨੁਮਾਂਇੰਦੇ ਹਿੱਸਾ ਲੈਣਗੇ। ਹਰੇਕ ਬੂਥ ਪੱਧਰ 'ਤੇ ਵੀ ਪ੍ਰੋਗਰਾਮ ਉਲੀਕੇ ਜਾਣਗੇ। BJP ਨੇ ਇਸ ਮੁਹਿੰਮ ਦੀ ਵਿਆਪਕ ਤਿਆਰੀ ਕਰ ਲਈ ਏ ਅਤੇ ਪਾਰਟੀ ਪ੍ਰਧਾਨ ਜੇ ਪੀ ਨੱਡਾ ਨੇ ਸਾਰੇ ਅਹੁਦੇਦਾਰਾਂ ਨੂੰ ਇਸ ਦੀ ਸਫਲਤਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਨੇ।

---------------------------------------------------------------

ਸੀਮਾ ਸੁਰੱਖਿਆ ਬਲ ਪੰਜਾਬ ਫਰੰਟੀਅਰ ਦੇ ਆਈ. ਜੀ. ਡਾਕਟਰ ਅਤੁਲ ਫੁਲਝੇਲੇ ਨੇ ਕਿਹਾ ਏ, ਕਿ ਬੰਗਲਾਦੇਸ਼ ਦੇ ਮੌਜੂਦਾ ਤਣਾਅ ਵਾਲੇ ਹਾਲਾਤ ਨੂੰ ਵੇਖਦੇ ਹੋਏ, ਬਲ ਨੇ ਪੰਜਾਬ ਵਿਚ ਪਾਕਿਸਤਾਨ ਨਾਲ ਲੱਗਦੀ ਸਰਹੱਦ ਤੇ ਚੌਕਸੀ ਅਤੇ ਸੁਰੱਖਿਆ ਵਧਾ ਦਿੱਤੀ ਏ। ਫਰੰਟੀਅਰ ਹੈਡਕੁਆਰਟਰ ਜਲੰਧਰ ਵਿਖੇ, ਅੱਜ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਉਨਾਂ ਦੱਸਿਆ ਕਿ ਸਰਹੱਦ ਪਾਰੋਂ ਹੋ ਰਹੀ ਹਥਿਆਰਾਂ ਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ 'ਤੇ ਵੀ ਸਖਤ ਨਜ਼ਰ ਰੱਖੀ ਜਾ ਰਹੀ ਏ। ਉਨਾਂ ਦੱਸਿਆ ਕਿ ਬੀਤੀ ਪਹਿਲੀ ਜਨਵਰੀ ਤੋਂ ਲੈ ਕੇ, 8 ਅਗਸਤ ਤਕ ਬੱਲ ਨੇ ਸਰਹੱਦ 'ਤੇ ਭਾਰਤੀ ਮੂਲ ਦੇ 97 ਤੇ ਪਾਕਿਸਤਾਨ ਮੂਲ ਦੇ 24 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ, ਜਦਕਿ ਇਕ ਇਕ ਅਫਗਾਨ

ਤੇ ਬੰਗਲਾਦੇਸ਼ੀ ਨਾਗਰਿਕ ਵੀ ਇਸ ਦੌਰਾਨ ਫੜੇ ਗਏ ਨੇ। ਇਸ ਸਮੇਂ ਵਿਚ 160 ਕਿਲੋਗਰਾਮ ਤੋਂ ਵੱਧ ਹੈਰੋਇਨ ਜ਼ਬਤ ਕੀਤੀ ਗਈ ਏ । ਡਾਕਟਰ ਅਤੁਲ ਫੁਲਝੇਲੇ ਨੇ ਕਿਹਾ ਕਿ ਗੁਰਦਾਸਪੁਰ ਅਤੇ ਪਠਾਨਕੋਟ ਜ਼ਿਲਿਆਂ ਵਿਚ ਸਰਹੱਦ ਤੇ ਵਾਧੂ ਗਿਣਤੀ ਵਿਚ ਜਵਾਨਾਂ ਦੀ ਤਾਇਨਾਤੀ ਕੀਤੀ ਗਈ ਏ। ਡਾਕਟਰ ਅਤੁਲ ਫੁਲਝੇਲੇ ਨੇ ਦੱਸਿਆ ਕਿ ਸੂਬੇ ਦੇ ਸਰਹੱਦੀ ਪਿੰਡਾਂ ਵਿਚ ਨੌਜਵਾਨਾਂ ਨੂੰ ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਉਪਲਬਧ ਕਰਵਾਉਣ ਲਈ, ਬਲ ਵਲੋਂ ਉਹਨਾਂ ਨੂੰ ਵੱਖ ਵੱਖ ਖੇਤਰਾਂ ਵਿਚ ਸਿਖਲਾਈ ਦਿਤੀ ਜਾ ਰਹੀ ਏ । ਉਨਾਂ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਨਤ ਤੋਂ ਦੂਰ ਹੋ ਕੇ, ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ ਦੀ ਅਪੀਲ ਕੀਤੀ ।

---------------------------------------------------------------

ਪੰਜਾਬ ਦੇ ਤਿੰਨ ਜ਼ਿਲ੍ਹਿਆਂ ਰੂਪਨਗਰ, ਪਟਿਆਲਾ ਅਤੇ ਮੁਹਾਲੀ ਵਿੱਚ ਪਾਣੀ ਦੀ ਕਮੀ ਆਉਣ ਵਾਲੇ ਸਮੇਂ ਵਿੱਚ ਦੂਰ ਹੋ ਸਕਦੀ ਏ । ਸੂਬਾ ਸਰਕਾਰ ਨੇ ਮਾਲਵਾ ਨਹਿਰ ਦੇ ਨਾਲ- ਨਾਲ ਦਸਮੇਸ਼ ਨਹਿਰ ਬਣਾਉਣ ਦੀ ਰਣਨੀਤੀ ਸ਼ੁਰੂ ਕਰ ਦਿੱਤੀ ਏ । ਜਲ ਸਰੋਤ ਵਿਭਾਗ ਨੇ ਰੂਪਨਗਰ, ਪਟਿਆਲਾ ਅਤੇ ਮੁਹਾਲੀ ਦੇ 58 ਪਿੰਡਾਂ ਦਾ ਜ਼ਮੀਨੀ ਰਿਕਾਰਡ ਮੰਗਿਆ ਏ । ਰਿਕਾਰਡ ਲੈਣ ਲਈ ਨਹਿਰੀ ਪਟਵਾਰੀਆਂ ਦੀ

ਡਿਊਟੀ ਲਗਾਈ ਗਈ ਏ। ਪਹਿਲਾਂ ਇਸ ਨਹਿਰ ਨੇ ਮੁਹਾਲੀ ਸ਼ਹਿਰ ਵਿੱਚ ਪੈਂਦੇ ਪਿੰਡਾਂ ਵਿੱਚੋਂ ਲੰਘਣਾ ਸੀ, ਪਰ ਹੁਣ ਵਿਭਾਗ ਨੇ ਬਨੂੜ ਨੇੜਲੇ ਪਿੰਡਾਂ ਦਾ ਰਿਕਾਰਡ ਤਲਬ ਕਰ ਲਿਆ ਏ। ਇਸ ਸਬੰਧੀ ਉਪ ਮੰਡਲ ਹੁਸ਼ਿਆਰਪੁਰ ਵੱਲੋਂ ਪੱਤਰ ਜਾਰੀ ਕੀਤਾ ਗਿਆ ਏ। ਇਸ ਤੋਂ ਬਾਅਦ ਇਹ ਪ੍ਰਕਿਰਿਆ ਸ਼ੁਰੂ ਹੋ ਗਈ ਏ। ਹਾਲਾਂਕਿ ਪੰਜਾਬ ਵਿਧਾਨ ਸਭਾ ਵਿੱਚ ਦਸਮੇਸ਼ ਨਹਿਰ ਦਾ ਮੁੱਦਾ ਉਠਾਇਆ ਜਾ ਚੁੱਕਾ ਏ, ਕਿਉਂਕਿ ਡੇਰਾਬੱਸੀ ਦੇ ਨਾਲ ਲੱਗਦੇ ਕਰੀਬ 50 ਪਿੰਡ ਹਰ ਸਾਲ ਸੋਕੇ ਦੀ ਮਾਰ ਝੱਲਦੇ ਨੇ।

---------------------------------------------------------------

ਏਧਰ ਗੁਰਦਾਸਪੁਰ ਜ਼ਿਲੇ ਵਿਚ ਦੀਨਾਨਗਰ ਨੇੜੇ ਪੈਂਦੇ ਪਿੰਡ, ਧਮਰਾਈ ਨਹਿਰ 'ਤੇ ਬਣੇ ਪੁੱਲ ਵਿੱਚ, ਇਕ ਵੱਡਾ ਪਾੜ ਪੈਣ ਕਾਰਨ, ਨੇੜਲੇ ਪੈਂਦੇ ਪਿੰਡਾਂ ਦੇ ਲੋਕਾਂ ਚ ਡਰ ਦਾ ਮਾਹੌਲ ਪੈਦਾ ਹੋ ਗਿਆ ਏ। ਪੁਲ ਪ੍ਰਭਾਵਿਤ ਹੋਣ ਤੋਂ ਬਾਅਦ ਹਲਕੇ ਦੇ ਲੋਕਾਂ ਨੇ, ਪ੍ਰਸ਼ਾਸਨ ਤੋਂ ਮੰਗ ਕੀਤੀ ਏ, ਕਿ ਇਸ ਪੁਲ ਨੂੰ ਛੇਤੀ ਠੀਕ ਕੀਤਾ ਜਾਵੇ। ਮੌਕੇ ਤੇ ਪਹੁੰਚੇ ਨਹਿਰੀ ਵਿਭਾਗ ਦੇ ਅਧਿਕਾਰੀਆਂ ਸੰਜੀਵ ਕੁਮਾਰ ਨੇ, ਹਾਲਾਂਕਿ ਪੁੱਲ ਦਾ ਕੰਮ ਸ਼ੁਰੂ ਕਰਵਾ ਦਿੱਤਾ ਏ, ਪਰ ਪਿੰਡ ਵਾਸੀਆਂ ਨੇ ਦੋਸ਼ ਲਗਾਇਆ ਕਿ ਛੋਟੇ ਪੁੱਲ ਨੇੜੇ ਹੀ ਇੱਕ ਵੱਡਾ ਲੋਹੇ ਦਾ ਪੁਲ ਬਣਾਇਆ ਗਿਆ ਏ, ਜਿਹੜਾ ਅਜੇ ਤੱਕ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੇ ਸ਼ੁਰੂ ਨਹੀਂ ਕੀਤਾ। ਉਨਾਂ ਕਿਹਾ

ਕਿ ਛੋਟੇ ਪੁਲ ਵਿੱਚ ਪਾੜ ਪੈਣ ਤੋਂ ਬਾਅਦ, ਜਦੋਂ ਅਧਿਕਾਰੀਆਂ ਨੂੰ ਕਿਹਾ ਗਿਆ ਕਿ ਵੱਡੇ ਪੁੱਲ ਨੂੰ ਆਵਾਜਾਈ ਲਈ ਖੋਲ੍ਹ ਦਿੱਤਾ ਜਾਵੇ, ਤਾਂ ਉਨਾਂ ਕੋਈ ਕਾਰਵਾਈ ਨਹੀਂ ਕੀਤੀ, ਜਿੱਸ ਮਗਰੋਂ ਪਿੰਡ ਵਾਸੀਆਂ ਨੇ ਵੱਡੇ ਪੁੱਲ ਨੂੰ ਆਪਣੇ ਆਪ ਹੀ ਖੋਲ ਦਿੱਤਾ। ਉਨਾਂ ਕਿਹਾ ਕਿ ਲੋਕ ਨਿਰਮਾਣ ਵਿਭਾਗ ਅਧਿਕਾਰੀਆਂ ਦੀ ਲਾਪਰਵਾਹੀ ਕਰਕੇ ਵੱਡਾ ਹਾਦਸਾ ਵਾਪਰ ਸਕਦਾ ਏ।

---------------------------------------------------

ਪੈਰਿਸ ਓਲੰਪਿਕ ਵਿਚ ਮਰਦਾਂ ਦੇ ਹਾਕੀ ਵਰਗ ਵਿਚ ਭਾਰਤੀ ਟੀਮ ਵਲੋਂ, ਕਾਂਸੇ ਦਾ ਤਗਮਾ ਜਿੱਤਣ ਤੇ ਲੋਕਾਂ ਸਮੇਤ ਖਿਡਾਰੀਆਂ ਦੇ ਪਰਿਵਾਰਾਂ ਵਿਚ ਖੁਸ਼ੀ ਦੀ ਲਹਿਰ ਏ। ਟੀਮ ਦੇ 10 ਖਿਡਾਰੀ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਨਾਲ ਸੰਬੰਧਤ ਨੇ ਅਤੇ ਇਨਾਂ ਵਿਚੋਂ ਵੀ ਚਾਰ ਖਿਡਾਰੀ ਜਲੰਧਰ ਸ਼ਹਿਰ ਦੇ ਵਸਨੀਕ ਨੇ। ਬੀਤੀ ਰਾਤ ਟੀਮ ਦੇ ਜਿੱਤ ਹਾਸਲ ਕਰਦਿਆਂ ਹੀ ਇਨਾਂ ਸਾਰਿਆਂ ਨੇ ਮਿਠਾਈਆਂ ਵੰਡ ਕੇ ਅਤੇ ਢੋਲ ਢਮੱਕੇ ਦੀ ਥਾਪ ਤੇ ਭੰਗੜਾ ਅਤੇ ਨੱਚ ਟੱਪ ਕੇ ਖੁਸ਼ੀ ਮਨਾਈ।

---------------------------------------------------

ਇਸ ਦੌਰਾਨ ਪੈਰਿਸ ਓਲੰਪਿਕ ਵਿੱਚ ਅੱਜ ਭਾਰਤੀ ਭਲਵਾਨ ਅਮਨ ਸਹਿਰਾਵਤ ਦਾ ਮਰਦਾਂ ਦੇ 57 ਕਿਲੋਗ੍ਰਾਮ ਫ੍ਰੀ ਸਟਾਈਲ ਕੁਸ਼ਤੀ

ਮੁਕਾਬਲੇ ਵਿੱਚ, ਕਾਂਸੀ ਦੇ ਤਗ਼ਮੇ ਲਈ ਪੋਰਟੋ ਰੀਕੋ ਦੇ ਡੇਰਿਅਨ ਕਰੂਜ਼ ਨਾਲ ਮੁਕਾਬਲਾ ਹੋਵੇਗਾ । ਭਾਰਤੀ ਸਮੇਂ ਮੁਤਾਬਕ ਇਹ ਮੈਚ ਰਾਤ 9 ਵਜ ਕੇ 45 ਮਿੰਟ ਤੇ ਸ਼ੁਰੂ ਹੋਵੇਗਾ।

---------------------------------------------------------

ਪੰਜਾਬ ਵਿਚ ਦੇ ਕਈ ਜ਼ਿਲਿਆਂ ਵਿਚ ਅੱਜ ਹਲਕਾ ਮੀਂਹ ਪਿਆ ਏ। ਮੌਸਮ ਵਿਗਿਆਨ ਨੇ ਅੱਜ ਸੂਬੇ ਵਿੱਚ ਕੋਈ ਅਲਰਟ ਜਾਰੀ ਨਹੀਂ ਕੀਤਾ ਏ, ਪਰ ਕੁਝ ਥਾਵਾਂ 'ਤੇ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਏ ਜਦਕਿ ਭਲਕੇ ਹਿਮਾਚਲ ਨਾਲ ਲੱਗਦੇ ਸੂਬੇ ਦੇ ਕੁਝ ਜ਼ਿਲ੍ਹਿਆਂ ਵਿੱਚ ਮੀਂਹ ਪੈਣ ਦੀ ਸੰਭਾਵਨਾ ਵੀ ਏ।